ਪ੍ਰਾਰਥਨਾ ਵਿੱਚ ਮਾਵਾਂ ਇੰਟਰਨੈਸ਼ਨਲ

# ਦਾਅਵਾ ਕਰਨ ਦੇ ਵਾਅਦੇ

**2 ਇਤਿਹਾਸ 7:14**—ਅਤੇ ਜੇ ਮੇਰੀ ਪਰਜਾ ਮੇਰੇ ਨਾਮ ਤੇ ਅਖਵਾਉਂਦੀ ਹੈ ਅਧੀਨ ਹੋ ਕੇ ਪ੍ਰਾਰਥਨਾ ਕਰੇ ਅਤੇ ਮੇਰੇ ਦਰਸ਼ਣ ਦੀ ਚਾਹਵੰਦ ਹੋਵੇ ਅਤੇ ਆਪਣੇ ਭੈੜੇ ਰਾਹ ਤੋਂ ਮੁੜੇ ਤਾਂ ਮੈਂ ਸੁਰਗ ਉੱਤੋਂ ਸੁਣ ਕੇ ਉਨ੍ਹਾਂ ਦੇ ਪਾਪ ਖਿਮਾ ਕਰਾਂਗਾ ਅਤੇ ਉਨ੍ਹਾਂ ਦੇ ਦੇਸ ਨੂੰ ਬਹਾਲ ਕਰ ਦਿਆਂਗਾ।

**ਜ਼ਬੂਰ 44:5**—ਤੇਰੇ ਰਾਹੀਂ ਅਸੀਂ ਆਪਣਿਆਂ ਵਿਰੋਧੀਆਂ ਨੂੰ ਹੇਠਾਂ ਧੱਕਾਂਗੇ, ਤੇਰੇ ਨਾਮ ਤੋਂ ਅਸੀਂ ਆਪਣਿਆਂ ਦੁਸ਼ਮਣਾਂ ਨੂੰ ਮਿੱਧਾਂਗੇ,

**ਜ਼ਬੂਰ 50:15**—ਤਾਂ ਦੁੱਖਾਂ ਦੇ ਦਿਨ ਮੈਨੂੰ ਪੁਕਾਰ, ਮੈਂ ਤੈਨੂੰ ਛੁਡਾਵਾਂਗਾ ਅਤੇ ਤੂੰ ਮੇਰੀ ਵਡਿਆਈ ਕਰੇਗਾ।

**ਜ਼ਬੂਰ 84:11**—ਯਹੋਵਾਹ ਪਰਮੇਸ਼ੁਰ ਇੱਕ ਸੂਰਜ ਤੇ ਇੱਕ ਢਾਲ ਹੈ, ਯਹੋਵਾਹ ਦਯਾ ਅਤੇ ਤੇਜ ਦੇਵੇਗਾ, ਉਹ ਸਿਧਿਆਈ ਵਿੱਚ ਚੱਲਣ ਵਾਲਿਆਂ ਤੋਂ ਕੋਈ ਚੰਗੀ ਚੀਜ਼ ਨਾ ਰੋਕੇਗਾ।

**ਯਸਾਯਾਹ 30:19**—ਉਹ ਤੁਹਾਡੀ ਦੁਹਾਈ ਦੀ ਅਵਾਜ਼ ਦੇ ਕਾਰਨ ਜ਼ਰੂਰ ਤੁਹਾਡੇ ਉੱਤੇ ਕਿਰਪਾ ਕਰੇਗਾ, ਜਦ ਉਸ ਉਸ ਨੂੰ ਸੁਣਗੇ ਉਹ ਤੁਹਾਨੂੰ ਉੱਤਰ ਦੇਵੇਗਾ।

**ਯਿਰਮਿਯਾਹ 33:3**—ਮੈਨੂੰ ਪੁਕਾਰ ਅਤੇ ਮੈਂ ਤੈਨੂੰ ਉੱਤਰ ਦਿਆਂਗਾ ਅਤੇ ਮੈਂ ਤੈਨੂੰ ਵੱਡੀਆਂ ਵੱਡੀਆਂ ਅਤੇ ਔਖੀਆਂ ਗੱਲਾਂ ਦੱਸਾਂਗਾ ਜਿਨ੍ਹਾਂ ਨੂੰ ਤੂੰ ਨਹੀਂ ਜਾਣਦਾ।

**ਮੱਤੀ 28:19-20**—ਇਸ ਲਈ ਤੁਸੀਂ ਜਾ ਕੇ ਸਾਰੀਆਂ ਕੌਮਾਂ ਨੂੰ ਚੇਲੇ ਬਣਾਓ ਅਤੇ ਉਨ੍ਹਾਂ ਨੂੰ ਪਿਤਾ ਅਤੇ ਪੁੱਤ੍ਰ ਅਤੇ ਪਵਿੱਤਰ ਆਤਮਾ ਦੇ ਨਾਮ ਵਿੱਚ ਬਪਤਿਸਮਾ ਦਿਓ। ਅਰ ਉਨ੍ਹਾਂ ਨੂੰ ਸਿਖਾਓ ਭਈ ਉਨ੍ਹਾਂ ਸਾਰੀਆਂ ਗੱਲਾਂ ਦੀ ਪਾਲਣਾ ਕਰਨ ਜਿਨ੍ਹਾਂ ਦਾ ਮੈਂ ਤੁਹਾਨੂੰ ਹੁਕਮ ਦਿੱਤਾ ਹੈ ਅਤੇ ਵੇਖੋ ਮੈਂ ਜੁੱਗ ਦੇ ਅੰਤ ਤੀਕਰ ਹਰ ਵੇਲੇ ਤੁਹਾਡੇ ਨਾਲ ਹਾਂ।

**ਮੱਤੀ 21:22**—ਅਤੇ ਸਭ ਕੁਝ ਜੋ ਤੁਸੀਂ ਨਿਹਚਾ ਨਾਲ ਪ੍ਰਾਰਥਨਾ ਕਰ ਕੇ ਮੰਗੋ ਸੋ ਪਾਓਗੇ।

**ਲੂਕਾ 1:37**—ਕਿਉਂਕਿ ਕੋਈ ਬਚਨ ਪਰਮੇਸ਼ੁਰ ਦੀ ਵੱਲੋਂ ਸ਼ਕਤੀਹੀਣ ਨਾ ਹੋਵੇਗਾ।

**ਲੂਕਾ 11:13**—ਸੋ ਜੇ ਤੁਸੀਂ ਬੁਰੇ ਹੋ ਕੇ ਆਪਣਿਆਂ ਬਾਲਕਾਂ ਨੂੰ ਚੰਗੀਆਂ ਦਾਤਾਂ ਦੇਣੀਆਂ ਜਾਣਦੇ ਹੋ ਤਾਂ ਉਹ ਸੁਰਗੀ ਪਿਤਾ ਕਿੰਨਾ ਵਧੀਕ ਆਪਣੇ ਮੰਗਣ ਵਾਲਿਆਂ ਨੂੰ ਪਵਿੱਤਰ ਆਤਮਾ ਦੇਵੇਗਾ!

**ਯੂਹੰਨਾ 14:13-14**—ਅਰ ਤੁਸੀਂ ਮੇਰਾ ਨਾਮ ਲੈ ਕੇ ਜੋ ਕੁਝ ਮੰਗੋਗੇ ਮੈਂ ਸੋਈ ਕਰਾਂਗਾ ਤਾਂ ਜੋ ਪੁੱਤ੍ਰ ਵਿੱਚ ਪਿਤਾ ਦਾ ਵਡਿਆਈ ਹੋਵੇ। ਜੇ ਤੁਸੀਂ ਮੇਰਾ ਨਾਮ ਲੈ ਕੇ ਮੈਥੋਂ ਕੁਝ ਮੰਗੋਗੇ ਤਾਂ ਮੈਂ ਉਹੋ ਕਰਾਂਗਾ।

**ਯੂਹੰਨਾ 15:7**—ਜੇ ਤੁਸੀਂ ਮੇਰੇ ਵਿੱਚ ਰਹੋ ਅਤੇ ਮੇਰੀਆਂ ਗੱਲਾਂ ਤੁਹਾਡੇ ਵਿੱਚ ਰਹਿਣ ਤਾਂ ਜੋ ਚਾਹੋ ਮੰਗੋ ਅਤੇ ਉਹ ਤੁਹਾਡੇ ਲਈ ਹੋ ਜਾਵੇਗਾ।

**ਯੂਹੰਨਾ 16:24**—ਅਜੇ ਤੀਕੁਰ ਤੁਸਾਂ ਮੇਰਾ ਨਾਮ ਲੈ ਕੇ ਕੁਝ ਨਹੀਂ ਮੰਗਿਆ। ਮੰਗੋ ਤਾਂ ਤੁਸੀਂ ਲਓਗੇ ਭਈ ਤੁਹਾਡਾ ਅਨੰਦ ਪੂਰਾ ਹੋਵੇ।

**ਇਬਰਾਨੀਆਂ 10:22-23**—ਤਾਂ ਆਓ, ਅਸੀਂ ਸੱਚੇ ਦਿਲ ਅਤੇ ਪੂਰੀ ਨਿਹਚਾ ਨਾਲ ਜਦੋਂ ਸਾਡੇ ਦਿਲ ਅਸ਼ੁੱਧ ਅੰਤਹਕਰਨ ਤੋਂ ਛਿੜਕਾਓ ਨਾਲ ਸ਼ੁੱਧ ਹੋਏ ਅਤੇ ਸਾਡੀ ਦੇਹ ਸਾਨੂੰ ਪਾਣੀ ਨਾਲ ਨੁਲਾਈ ਗਈ ਨੇੜੇ ਜਾਈਏ। ਅਸੀਂ ਆਸ ਦੇ ਸੱਚੇ ਇਕਰਾਰ ਨੂੰ ਤਕੜਾਈ ਨਾਲ ਫੜੀ ਰੱਖੀਏ ਕਿਉਂਕਿ ਜਿਹ ਨੇ ਵਾਇਦਾ ਕੀਤਾ ਹੈ ਉਹ ਵਫ਼ਾਦਾਰ ਹੈ।

**ਯਾਕੂਬ 1:5-6**—ਪਰ ਜੇ ਤੁਹਾਡੇ ਵਿੱਚੋਂ ਕਿਸੇ ਨੂੰ ਬੁੱਧ ਦਾ ਘਾਟਾ ਹੋਵੇ ਤਾਂ ਉਹ ਪਰਮੇਸ਼ੁਰ ਕੋਲੋਂ ਮੰਗੇ ਜਿਹੜਾ ਸਭਨਾਂ ਨੂੰ ਖੁੱਲੇ ਦਿਲ ਨਾਲ ਉਲਾਂਭੇ ਦਿੰਦਾ ਹੈ, ਤਾਂ ਉਹ ਨੂੰ ਦਿੱਤੀ ਜਾਵੇਗੀ। ਪਰ ਨਿਹਚਾ ਨਾਲ ਮੰਗੇ ਅਤੇ ਕੁਝ ਭਰਮ ਨਾ ਕਰੇ ਕਿਉਂ ਜੋ ਭਰਮ ਕਰਨ ਵਾਲਾ ਸਮੁੰਦਰ ਦੀ ਛੱਲ ਵਰਗਾ ਹੈ ਜਿਹੜੀ ਪੌਣ ਨਾਲ ਟਕਰਾਈ ਅਤੇ ਉਡਾਈ ਜਾਦੀ ਹੈ।

**ਯਾਕੂਬ 5:16**—ਇਸ ਲਈ ਤੁਸੀਂ ਆਪਣੇ ਵਿੱਚੋਂ ਆਪਣਿਆਂ ਪਾਪਾਂ ਦਾ ਇਕਰਾਰ ਕਰੋ ਅਤੇ ਇੱਕ ਦੂਏ ਲਈ ਪ੍ਰਾਰਥਨਾ ਕਰੋ ਭਈ ਤੁਸੀਂ ਨਰੋਏ ਹੋ ਜਾਓ। ਧਰਮੀ ਪੁਰਖ ਦੀ ਬੇਨਤੀ ਤੋਂ ਬਹੁਤ ਅਸਰ ਹੁੰਦਾ ਹੈ।

**1 ਯੂਹੰਨਾ 2:21-23**—ਹੇ ਪਿਆਰਿਓ, ਜੇ ਸਾਡਾ ਮਨ ਸਾਨੂੰ ਦੋਸ਼ ਨਾ ਲਾਵੇ ਤਾਂ ਪਰਮੇਸ਼ੁਰ ਦੇ ਅੱਗੇ ਸਾਨੂੰ ਦਿਲੇਰੀ ਹੈ। ਅਤੇ ਜੋ ਕੁਝ ਅਸੀਂ ਮੰਗਦੇ ਹਾਂ ਸੋ ਉਸ ਤੋਂ ਸਾਨੂੰ ਮਿਲਦਾ ਹੈ ਕਿਉਂ ਜੋ ਉਹ ਦੇ ਹੁਕਮਾਂ ਦੀ ਪਾਲਨਾ ਕਰਦੇ ਹਾਂ ਅਤੇ ਉਹ ਕੰਮ ਕਰਦੇ ਹਾਂ ਜਿਹਰੇ ਉਹ ਨੂੰ ਭਾਉਂਦੇ ਹਨ। ਅਤੇ ਉਹ ਦਾ ਹੁਕਮ ਇਹ ਹੈ ਭਈ ਸੀਂ ਉਹ ਦੇ ਪੁੱਤ੍ਰ ਯਿਸੂ ਮਸੀਹ ਦੇ ਨਾਮ ਉੱਤੇ ਨਿਹਚਾ ਕਰੀਏ ਅਤੇ ਇੱਕ ਦੂਏ ਨਾਲ ਪ੍ਰੇਮ ਰੱਖੀਏ ਜਿਵੇਂ ਉਹ ਨੇ ਸਾਨੂੰ ਹੁਕਮ ਕੀਤਾ ਸੀ।

**1 ਯੂਹੰਨਾ 5:14-15**—ਅਤੇ ਉਹ ਦੇ ਅੱਗੇ ਜੋ ਸਾਨੂੰ ਦਿਲੇਰੀ ਹੈ ਸੋ ਇਹ ਹੈ ਭਈ ਜੇ ਅਸੀਂ ਉਹ ਦੀ ਇੱਛਿਆ ਦੇ ਅਨੁਸਾਰ ਕੁਝ ਮੰਗਦੇ ਹਾਂ ਤਾਂ ਉਹ ਸਾਡੀ ਸੁਣਦਾ ਹੈ। ਅਤੇ ਜੇ ਅਸੀਂ ਜਾਣਦੇ ਹਾਂ ਭਈ ਜੋ ਕੁਝ ਮੰਗਦੇ ਹਾਂ ਤਾਂ ਉਹ ਸਾਡੀ ਸੁਣਦਾ ਹੈ ਤਾਂ ਏਹ ਵੀ ਜਾਣਦੇ ਹਾਂ ਭਈ ਮੰਗੀਆਂ ਹੋਈਆਂ ਵਸਤਾਂ ਜਿਹੜੀਆਂ ਅਸਾਂ ਉਸ ਤੋਂ ਮੰਗੀਆਂ ਹਨ ਉਹ ਸਾਨੂੰ ਪਰਾਪਤ ਹੋ ਜਾਂਦੀਆਂ ਹਨ।

© 2022 Moms in Prayer International